ਨੰ: 1/15/2010-ਰਸ1/ 542

ਪੰਜਾਬ ਸਰਕਾਰ

ਭਲਾਈ ਵਿਭਾਗ

(ਰਿਜਰਵੇਸਨ ਸੈਲ)

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸਨਰ,
ਜਿਲ੍ਹਿਆਂ ਦੇ ਡਿਪਟੀ ਕਮਿਸਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜਿਲ੍ਹਾ ਤੇ ਸੈਸਨ ਜੱਜ ਅਤੇ
ਸਮੂਹ ਉਪ ਮੰਡਲ ਅਫਸਰ (ਸਿਵਲ) ਅਤੇ
ਤਹਿਸੀਲਦਾਰ।

ਮਿਤੀ, ਚੰਡੀਗੜ੍ਹ 19/4/10

ਵਿਸਾ:- ਅਨੁਸੂਚਿਤ ਜਾਤੀਆਂ ਦੇ ਉਮੀਦਵਾਰਾਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਦੀ ਵਿਧੀ ਨੂੰ ਸਰਲ ਬਣਾਉਣ ਬਾਰੇ।

*****

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸੇ ਤੇ ਆਪ ਦਾ ਧਿਆਨ ਭਲਾਈ ਵਿਭਾਗ ਦੇ ਪੱਤਰ ਨੰ: 1/8/07- ਰਸ1/815, ਮਿਤੀ 10-7-2008 (ਕਾਪੀ ਨੱਥੀ ਹੈ) ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਅਨੁਸੂਚਿਤ ਜਾਤੀ ਦੇ ਜਾਅਲੀ ਸਰਟੀਫਿਕੇਟ ਜਾਰੀ ਹੋ ਰਹੇ ਹਨ ਅਤੇ ਅਜਿਹੇ ਜਾਅਲੀ ਸਰਟੀਫਿਕੇਟਾਂ ਦੀ ਵਰਤੋਂ ਸਰਕਾਰੀ ਨੌਕਰੀਆਂ/ਵਿਦਿਅਕ ਸੰਸਥਾਵਾਂ ਅਤੇ ਹੋਰ ਸਥਾਨਾਂ ਤੇ ਕੀਤੀ ਜਾ ਰਹੀ ਹੈ, ਜਿਸ ਕਾਰਨ ਅਨੁਸੂਚਿਤ ਜਾਤੀ ਦੇ ਯੋਗ ਉਮੀਦਵਾਰ ਸਰਕਾਰ ਦੀ ਰਾਖਵੇਂਕਰਨ ਦੀ ਨੀਤੀ ਦੇ ਲਾਭ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਲਈ, ਮੈਨੂੰ ਇਹ ਵੀ ਕਹਿਣ ਦੀ ਹਦਾਇਤ ਹੋਈ ਹੈ ਕਿ ਕਿਸੇ ਵੀ ਉਮੀਦਵਾਰ ਨੂੰ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾਇਆ ਜਾਵੇ ਕਿ ਬਿਨੈਕਾਰ/ਉਮੀਦਵਾਰ ਅਸਲ ਵਿੱਚ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੈ। ਇਥੇ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਗਲਤ ਬਿਨੈਕਾਰ ਨੂੰ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ ਤਾਂ ਉਸ ਦੀ ਨਿਰੋਲ ਜਿੰਮੇਵਾਰੀ ਅਜਿਹਾ ਸਰਟੀਫਿਕੇਟ ਜਾਰੀ ਕਰਨ ਵਾਲੇ ਅਧਿਕਾਰੀ ਦੀ ਹੋਵੇਗੀ।

2. ਉਕਤ ਹਦਾਇਤਾਂ ਆਪਣੇ ਅਧੀਨ ਸਮੂਹ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਦੇ ਧਿਆਨ ਵਿੱਚ ਲਿਆਉਂਦੇ ਹੋਏ ਇਹਨਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

3. ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਸੰਯੁਕਤ ਸਕੱਤਰ ਭਲਾਈ

ਇਸ ਦਾ ਇੱਕ ਉਤਾਰਾ ਰਾਜ ਦੇ ਸਮੂਹ ਵਿੱਤੀ ਕਮਿਸਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ

ਰਾਜ ਦੇ ਸਮੂਹ ਵਿੱਤੀ ਕਮਿਸਨਰ,
ਪ੍ਰਮੁੱਖ ਸਕੱਤਰਾਂ ਅਤੇ
ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: 1/15/2010-ਰਸ1/ 543 ਮਿਤੀ,ਚੰਡੀਗੜ੍ਹ 19/4/10

ਪਿੱ:ਅ:ਨੰ: 1/15/2010-ਰਸ1/ 544 ਮਿਤੀ,ਚੰਡੀਗੜ੍ਹ 19/4/10

ਉਤਾਰਾ ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ੍ਰੇਣੀਆਂ ਭਲਾਈ ਵਿਭਾਗ, ਪੰਜਾਬ, ਸੈਕਟਰ-34ਏ, ਚੰਡੀਗੜ੍ਹ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ